# ਦਫਤਰ ਡਾਇਰੈਕਟਰ,ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ

**ਸਰਕਾਰੀ ਮਾਡਲ ਸੀਨੀਅਰ ਸੰਕੈਡਰੀ ਸਕੂਲ,ਫੇਜ਼-3ਬੀ1,ਐਸ.ਏ.ਐਸ ਨਗਰ**
**(ਵੈਬਸਾਈਟ www.educationrecruitmentboard.com)**

## ਉਮੀਦਵਾਰਾਂ ਲਈ ਹਦਾਇਤਾਂ

ਪੰਜਾਬ ਸਿੱਖਿਆ ਵਿਭਾਗ ਵੱਲੋਂ 2005 ਈ.ਟੀ.ਟੀ. ਦੀਆਂ ਅਸਾਮੀਆਂ ਭਰਨ ਲਈ ਯੋਗ ਉਮੀਦਵਾਰਾਂ ਵੱਲੋਂ, ਵਿਭਾਗ ਦੀ ਵੈਬ-ਸਾਈਟ www.educationrecruitmentboard.com ਤੇ ਆਨਲਾਈਨ ਦਰਖਾਸਤਾਂ ਦੀ ਮੰਗ ਕੀਤੀ ਗਈ ਸੀ। ਜਿਹੜੇ ਉਮੀਦਵਾਰਾਂ ਨੇ ਇਹਨਾਂ ਅਸਾਮੀਆਂ ਲਈ ਆਨਲਾਈਨ ਅਪਲਾਈ ਕੀਤਾ ਸੀ, ਉਹਨਾਂ ਉਮੀਦਵਾਰਾਂ ਨੂੰ **"ਸਬਜੀ ਮੰਡੀ, ਸੈਕਟਰ 65 ਏ, ਫੇਜ਼ 11, ਐਸ.ਏ.ਐਸ. ਨਗਰ, ਪੰਜਾਬ"** ਵਿੱਖੇ ਹੇਠਾਂ ਦਰਸਾਏ ਗਏ ਸਡਿਊਲ ਅਨੁਸਾਰ ਮਿਤੀ 19-09-2016 ਨੂੰ ਸਵੇਰੇ 11.00 ਵਜੇ ਤੋਂ ਸਾਮ 3.00 ਵਜੇ ਤੱਕ ਅਤੇ ਬਾਕੀ ਦਿਨ 10 ਵਜੇ ਤੋਂ ਸ਼ਾਮ 3:00 ਵਜੇ ਤੱਕ ਅਸਲ ਦਸਤਾਵੇਜਾ ਦੀ ਸਕਰੂਟਨੀ ਲਈ ਸੱਦਾ ਦਿੱਤਾ ਜਾਂਦਾ ਹੈ। ਬਿਨੈਕਾਰ ਅਸਲ ਸਰਟੀਫਿਕੇਟ, ਸਰਟੀਫਿਕੇਟ ਦੀਆਂ ਖੁਦ ਤਸਦੀਕੀ ਫੋਟੋਕਾਪੀਆਂ ਦਾ ਇਕ ਸੈਟ, ਆਪਣੀ ਪਾਸਪੋਰਟ ਸਾਈਜ ਦੀਆਂ 4 ਫੋਟੋਆਂ, ਜਮ੍ਹਾਂ ਕਰਵਾਈ ਫੀਸ ਦਾ ਸਬੂਤ, ਕੰਪਿਊਟਰ ਵਿੱਚੋਂ ਡਾਊਨਲੋਡ ਕੀਤਾ ਸਕਰੂਟਨੀ ਫਾਰਮ ਦੀਆਂ ਦੋ ਕਾਪੀਆਂ ਫਾਈਲ ਕਵਰ ਵਿੱਚ ਟੈਗ ਕਰਕੇ ਸਾਰੇ ਅਸਲ ਸਰਟੀਫਿਕੇਟ ਅਤੇ ਤਸਦੀਕੀ ਫੋਟੋਕਾਪੀਆਂ ਹੇਠਾਂ ਦਰਸਾਈ ਗਈ ਤਰਤੀਬ ਅਨੁਸਾਰ ਵੱਖਰੀਆਂ ਫਾਈਲਾਂ ਵਿੱਚ ਲਗਾ ਕੇ ਦਸਤਾਵੇਜਾਂ ਦੀ ਸਕਰੂਟਨੀ ਲਈ ਨਿੱਜੀ ਤੌਰ ਤੇ ਹਾਜਰ ਹੋਣਗੇ।

1. ਸਕਰੂਟਨੀ ਫਾਰਮ ਦੀਆਂ 2 ਕਾਪੀਆਂ (ਵੈਬ-ਸਾਈਟ ਤੋਂ ਡਾਊਨਲੋਡ ਕਰਕੇ)
2. ਜਨਮ ਮਿਤੀ ਸਬੰਧੀ ਦਸਵੀਂ ਦਾ ਸਰਟੀਫਿਕੇਟ
3. ਪੰਜਾਬੀ ਪਾਸ ਦਾ ਸਬੂਤ (10ਵੀਂ ਜਾਂ ਉਚੇਰੀ ਪੱਧਰ ਤੇ)
4. 10+2 ਦੀ DMC ਅਤੇ ਸਰਟੀਫਿਕੇਟ ।
5. ਈ.ਟੀ.ਟੀ. ਡਿਪਲੋਮੇ ਦੀ DMC ਅਤੇ ਸਰਟੀਫਿਕੇਟ।
6. ਕੈਟਾਗਿਰੀ ਸਬੰਧੀ ਸਰਟੀਫਿਕੇਟ ਅਤੇ ਪੰਜਾਬ ਦੇ ਵਸਨੀਕ ਹੋਣ ਦਾ ਸਬੂਤ (ਉਹ ਉਮੀਦਵਾਰ ਜਿਨ੍ਹਾ ਨੇ ਕਿਸੇ ਰਿਜਰਵ ਕੈਟਾਗਿਰੀ ਵਿਚ ਅਪਲਾਈ ਕੀਤਾ ਹੈ)।
7. ਆਮਦਨ ਸਬੰਧੀ ਸਵੈ-ਘੋਸ਼ਣਾ ਪੱਤਰ (ਜਿਹੜੇ ਉਮੀਦਵਾਰਾ ਨੇ ਪਛੜੀ ਸ਼੍ਰੇਣੀ ਦੀ ਕੈਟਾਗਿਰੀ ਵਿਚ ਅਪਲਾਈ ਕੀਤਾ ਹੈ) ।

**ਨੋਟ - ਉਮੀਦਵਾਰ ਉਪਰੋਕਤ ਲੜੀ ਨੰਬਰ 1 ਤੋਂ 7 ਤੱਕ ਦੇ ਸਾਰੇ ਅਸਲ ਸਰਟੀਫਿਕੇਟਾਂ/ ਦਸਤਾਵੇਜਾਂ ਨੂੰ ਸਕੈਨ ਕਰਕੇ ਇੱਕ CD ਤਿਆਰ ਕਰਕੇ ਨਾਲ ਲਿਆਂਦੀ ਜਾਵੇ , CD ਉਪਰ ਪੱਕੇ ਮਾਰਕਰ ਪੈਨ ਨਾਲ ਆਪਣਾ ਰਜਿਸਟਰੇਸਨ ਨੰਬਰ ਅਤੇ ਨਾਮ ਲਿਖ ਕੇ ਫਾਈਲ ਨਾਲ ਜਮਾਂ ਕਰਵਾਉਣਗੇ।**

**ਸਕਰੂਟਨੀ ਲਈ ਸ਼ਡਿਊਲ ਹੇਠ ਲਿਖੇ ਅਨੁਸਾਰ ਹੈ:-**

| ਲੜੀ ਨੰਬਰ | ਸਕਰੂਟਨੀ ਦੀ ਮਿਤੀ | ਵੇਰਵੇ |
|---|---|---|
| 1 | 19-09-2016 | ਉਮੀਦਵਾਰ ਵੈਬਸਾਈਟ ਤੇ ਅਪਲੋਡ ਕੀਤੀ ਗਈ ਲਿਸਟ ਅਨੁਸਾਰ ਲੜੀ ਨੰਬਰ 1 ਤੋਂ 450 ਤੱਕ। |
| 2 | 20-09-2016 | ਉਮੀਦਵਾਰ ਵੈਬਸਾਈਟ ਤੇ ਅਪਲੋਡ ਕੀਤੀ ਗਈ ਲਿਸਟ ਅਨੁਸਾਰ ਲੜੀ ਨੰਬਰ 451 ਤੋਂ 1650 ਤੱਕ। |
| 3 | 21-09-2016 | ਉਮੀਦਵਾਰ ਵੈਬਸਾਈਟ ਤੇ ਅਪਲੋਡ ਕੀਤੀ ਗਈ ਲਿਸਟ ਅਨੁਸਾਰ ਲੜੀ ਨੰਬਰ 1651 ਤੋਂ 2850 ਤੱਕ। |
| 4 | 22-09-2016 | ਉਮੀਦਵਾਰ ਵੈਬਸਾਈਟ ਤੇ ਅਪਲੋਡ ਕੀਤੀ ਗਈ ਲਿਸਟ ਅਨੁਸਾਰ ਲੜੀ ਨੰਬਰ 2851 ਤੋਂ 4050 ਤੱਕ। |
| 5 | 23-09-2016 | 1. ਉਮੀਦਵਾਰ ਵੈਬਸਾਈਟ ਤੇ ਅਪਲੋਡ ਕੀਤੀ ਗਈ ਲਿਸਟ ਅਨੁਸਾਰ ਲੜੀ ਨੰਬਰ 4051 ਤੋਂ 4912 ਤੱਕ<br>2. ਮਾਨਯੋਗ ਹਾਈ ਕੋਰਟ ਦੇ ਹੁਕਮਾ ਤਹਿਤ ਆਫ-ਲਾਈਨ ਅਪਲਾਈ ਕਰਨ ਵਾਲੇ ਉਮੀਦਵਾਰ। |

1. ਉਪਰੋਕਤ ਦਿੱਤੇ ਸ਼ਡਿਊਲ ਅਨੁਸਾਰ ਉਮੀਦਵਾਰ ਦਸਤਾਵੇਜ਼ਾਂ ਦੀ ਸਕਰੂਟਨੀ ਕਰਵਾਉਣ ਲਈ ਨਿੱਜੀ ਪੱਧਰ ਤੇ ਹਾਜਰ ਹੋਣਾ ਯਕੀਨੀ ਬਨਾਉਣ।
2. ਕਿਸੇ ਵੀ ਉਮੀਦਵਾਰ ਵੱਲੋਂ ਦਸਤਾਵੇਜਾਂ ਦੀ ਸਕਰੂਟਨੀ ਵਿੱਚ ਹਾਜਰ ਹੋਣ ਦਾ ਭਾਵ ਇਹ ਨਹੀਂ ਕਿ ਉਸ ਦਾ ਨਿਯੁਕਤੀ ਲਈ ਹੱਕ ਪੈਦਾ ਹੋ ਗਿਆ ਹੈ।
3. ਦਸਤਾਵੇਜਾਂ ਦੀ ਸਕਰੂਟਨੀ ਸਮੇਂ ਸਾਰੇ ਅਸੱਲ ਦਸਤਾਵੇਜ/ ਸਰਟੀਫਿਕੇਟ ਚੈਕ ਕੀਤੇ ਜਾਣਗੇ ਅਤੇ ਉਮੀਦਵਾਰ ਦੁਆਰਾ ਖੁਦ ਤਸਦੀਕੀ ਫੋਟੋ ਕਾਪੀਆਂ ਲਾਈਆ ਜਾਣਗੀਆਂ।
4. ਦਸਤਾਵੇਜਾਂ ਦੀ ਸਕਰੂਟਨੀ ਲਈ ਗਠਿਤ ਕਮੇਟੀਆਂ **ਕੋਲੋ ਦਸਤਾਵੇਜ਼ ਚੈਕ ਕਰਵਾਉਣੇ ਅਤਿ ਜਰੂਰੀ ਹਨ। ਦਸਤਾਵੇਜ਼ ਚੈਕ ਨਾ ਕਰਵਾਉਣ ਦੀ ਸੂਰਤ ਵਿਚ ਉਮੀਦਵਾਰ ਦੀ ਪਾਤਰਤਾਂ ਯੋਗ ਨਹੀਂ ਮੰਨੀ ਜਾਵੇਗੀ।**
5. ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਵੀ ਉਮੀਦਵਾਰ ਦਾ ਕੋਈ ਵੀ ਦਸਤਾਵੇਜ/ ਸਰਟੀਫਿਕੇਟ ਗਲਤ ਜਾਂ ਜਾਅਲੀ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਐਫ.ਆਈ.ਆਰ. ਮੌਕੇ ਤੇ ਹੀ ਦਰਜ ਕਰਵਾਈ ਜਾਵੇਗੀ।

**-ਸਹੀ-**
**ਡਾਇਰੈਕਟਰ,**
**ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ**